# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :28-01-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਸਾਲਾਨਾ NCC PM ਰੈਲੀ ਨੂੰ ਸੰਬੋਧਨ ਕੀਤਾ.
- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਦੋਰਾਹਾ ਅਤੇ ਧੂਰੀ ਵਿਖੇ ਰੇਲਵੇ ਓਵਰ ਬ੍ਰਿਜਾਂ ਦੀ ਪ੍ਰਵਾਨਗੀ ਦਾ ਐਲਾਨ .
- ਨਗਰ ਨਿਗਮ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਭਲਕੇ ਹੋਣ ਵਾਲੀਆਂ ਚੋਣਾਂ ਸੰਬੰਧੀ ਸਾਰੇ ਇੰਤਜ਼ਾਮ ਮੁਕੰਮਲ.
- ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਨੂੰ ਓਹਨਾਂ ਦੀ ਜਨਮ ਵਰ੍ਹੇਗੰਢ ‘ਤੇ ਯਾਦ ਕਰ ਰਿਹਾ ਏ. ਇਸ ਮੌਕੇ ਪਿੰਡ ਢੁਡੀਕੇ ਵਿਖੇ ਖੇਡ ਮੇਲਾ ਕਰਾਇਆ ਗਿਆ.

- ਭਾਰਤੀ ਮੌਸਮ ਵਿਭਾਗ, ਵਲੋਂ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਵਿਚ ਕੱਲ੍ਹ ਤੱਕ, ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ.

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਅੱਜ ਦੇਸ਼ ਦੇ ਨੌਜਵਾਨ ਦੇਸ਼-ਪਹਿਲਾਂ ਦੀ ਸੋਚ ਨਾਲ ਹਿੰਮਤ ਅਤੇ ਵਚਨਬੱਧਤਾ ਨੂੰ ਪਰਿਭਾਸ਼ਿਤ ਕਰਦੇ ਨੇ. ਅੱਜ ਨਵੀਂ ਦਿੱਲੀ ਦੇ ਕਰਿਅੱਪਾ ਪਰੇਡ ਗਰਾਊਂਡ ਵਿਖੇ ਸਾਲਾਨਾ NCC PM ਰੈਲੀ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ NCC ਇੱਕ ਅਜਿਹਾ ਅੰਦੋਲਨ ਏ ਜੋ ਭਾਰਤ ਦੇ ਨੌਜਵਾਨਾਂ ਨੂੰ ਆਤਮ-ਵਿਸ਼ਵਾਸੀ, ਅਨੁਸ਼ਾਸਿਤ ਅਤੇ ਰਾਸ਼ਟਰ ਪ੍ਰਤੀ ਸਮਰਪਿਤ ਸੰਵੇਦਨਸ਼ੀਲ ਨਾਗਰਿਕ ਬਣਾਉਂਦਾ ਏ। ਉਨ੍ਹਾਂ ਕਿਹਾ ਕਿ ਅੱਜ ਦੁਨੀਆ, ਭਾਰਤ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਹੁਨਰ ਅਤੇ ਸੱਭਿਆਚਾਰ ਦੇ ਕਾਰਨ ਬੇਹਦ ਵਿਸ਼ਵਾਸ ਨਾਲ ਦੇਖਦੀ ਏ । ਦੇਸ਼ ਭਰ ਦੇ ਕੈਡਿਟਾਂ ਅਤੇ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ, ਸਰਹੱਦੀ ਅਤੇ ਸਾਹਿਲੀ ਇਲਾਕਿਆਂ ਤੋਂ NCC'ਚ ਹਿੱਸੇਦਾਰੀ ਵਧੀ ਏ –

byte - PM-MODI-ON-NCC-STRENGTH-27 sec

ਪ੍ਰਧਾਨ ਮੰਤਰੀ ਨੇ ਖੁਸ਼ੀ ਜ਼ਾਹਿਰ ਕੀਤੀ ਕਿ ਇਸ ਸਾਲ ਕੈਡਿਟਾਂ ਵਜੋਂ ਕੁੜੀਆਂ ਦੀ ਹਿੱਸੇਦਾਰੀ ਵਿੱਚ ਵੀ ਕਾਫ਼ੀ ਵਾਧਾ ਹੋਇਆ ਏ । ਇਸ ਮੌਕੇ, ਐਨ.ਸੀ.ਸੀ. ਕੈਡਿਟਾਂ, ਰਾਸ਼ਟਰੀ ਰੰਗਸ਼ਾਲਾ ਅਤੇ ਰਾਸ਼ਟਰੀ ਸੇਵਾ ਯੋਜਨਾ ਦੇ ਮੈਂਬਰਾਂ ਨੇ ਇੱਕ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ, ਜਿਸ ਵਿੱਚ ਰਾਸ਼ਟਰ ਨਿਰਮਾਣ, ਸਮਾਜ ਸੇਵਾ ਅਤੇ ਚਰਿੱਤਰ ਵਿਕਾਸ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਦਰਸਾਇਆ ਗਿਆ ।

---------------------------------------------------------------------------------

ਪੰਜਾਬ ਵਿੱਚ ਬੁਨਿਆਦੀ ਢਾਂਚੇ ਅਤੇ ਸੜ੍ਹਕ ਸੁਰੱਖਿਆ ਨੂੰ ਇੱਕ ਮਹੱਤਵਪੂਰਨ ਹੁਲਾਰਾ ਦਿੰਦਿਆਂ, ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਦੋਰਾਹਾ ਅਤੇ ਧੂਰੀ ਵਿਖੇ ਰੇਲਵੇ ਓਵਰ ਬ੍ਰਿਜ (ROBs) ਦੀ ਪ੍ਰਵਾਨਗੀ ਦਾ ਐਲਾਨ ਕੀਤੈ. ਦੋਵੇਂ ਪ੍ਰੋਜੈਕਟ ਲੰਮੇ ਸਮੇਂ ਤੋਂ ਹੋਣੋ ਰਹਿੰਦੇ ਸਨ. ਇਸ ਸੋਸ਼ਲ ਮੀਡੀਆ ਪੋਸਟ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੰਦਿਆਂ, ਉਨ੍ਹਾਂ ਕਿਹਾ ਕਿ ਦੋਵੇਂ ਓਵਰ ਬ੍ਰਿਜਾਂ ਦੀ ਪ੍ਰਵਾਨਗੀ ਬੁਨਿਆਦੀ ਢਾਂਚੇ ਦੀ ਯਾਤਰਾ ਵਿੱਚ ਇੱਕ ਮੀਲ ਪੱਥਰ ਏ – byte – bittu

ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸਿਰਫ਼ ਸੜ੍ਹਕਾਂ ਨੂੰ ਜੋੜਨ ਤੋਂ ਇਲਾਵਾ ਹੋਰ ਵੀ ਬਹੁਤ ਕੁਝ ਕਰਨਗੇ ਅਤੇ ਪੰਜਾਬ ਦੀ ਆਰਥਿਕ ਖੁਸ਼ਹਾਲੀ ਦੀ ਰਫਤਾਰ ਨੂੰ ਤੇਜ਼ ਕਰਨਗੇ। ਅੰਬਾਲਾ-ਲੁਧਿਆਣਾ ਸੈਕਸ਼ਨ 'ਤੇ ਦੋਰਾਹਾ

ਅਤੇ ਸਾਹਨੇਵਾਲ ਵਿਚਕਾਰ ਦੋਰਾਹਾ ROB ਦੀ ਲਾਗਤ ਕਰੀਬ 70 ਕਰੋੜ ਰੁਪਏ ਹੋਣ ਦਾ ਅਨੁਮਾਨ ਏ । ਇਸ ਲਈ ਰਕਮਾਂ ਮੁਕੰਮਲ ਤੌਰ ‘ਤੇ ਰੇਲਵੇ ਵਲੋਂ ਰੇਲਵੇ ਵਲੋਂ ਦਿੱਤੀਆਂ ਜਾਣਗੀਆਂ. ਧੂਰੀ ROB ਲਈ, ਲਗਭਗ 54 ਕਰੋੜ ਰੁਪਏ ਦੀ ਲਾਗਤ ਨਾਲ ਜਨਰਲ ਅਰੇਂਜਮੈਂਟ ਡਰਾਇੰਗ ਨੂੰ ਮਨਜ਼ੂਰੀ ਦਿੱਤੀ ਗਈ ਏ । <><>

------------------------------------------------------------------------------------

ਨਗਰ ਨਿਗਮ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਚੋਣਾਂ ਲਈ ਸਾਰੇ ਪ੍ਰਬੰਧ ਕੀਤੇ ਗਏ ਨੇ. ਵੋਟਾਂ ਕੱਲ੍ਹ ਸਵੇਰੇ 11 ਵਜੇ ਪੈਣਗੀਆਂ। ਇਹ ਚੋਣ SHOW OF HANDS ਭਾਵ ਹਥ ਉਪਰ ਚੁੱਕ ਕੇ ਕਰਵਾਈ ਜਾਵੇਗੀ। ਭਾਜਪਾ, ਕਾਂਗਰਸ ਅਤੇ 'ਆਪ' ਵਿਚਕਾਰ ਤਿਕੋਣੀ ਮੁਕਾਬਲਾ ਹੋਣ ਵਾਲਾ ਏ । ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਅੱਜ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਇਹ ਮੀਟਿੰਗ ਪ੍ਰਬੰਧਾਂ ਦਾ ਨਿੱਜੀ ਤੌਰ 'ਤੇ ਜਾਇਜ਼ਾ ਲੈਣ ਅਤੇ ਇਹ ਯਕੀਨੀ ਬਣਾਉਣ ਲਈ ਬੁਲਾਈ ਗਈ ਸੀ ਕਿ ਚੋਣਾਂ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਕਰਵਾਉਣ ਲਈ ਸਾਰੀਆਂ ਜ਼ਰੂਰੀ ਤਿਆਰੀਆਂ ਕੀਤੀਆਂ ਜਾਣ । ਭਾਜਪਾ ਦੇ ਹਰਪ੍ਰੀਤ ਕੌਰ ਬਬਲਾ ਮੇਅਰ ਦੇ ਅਹੁਦੇ ਲਈ ਮੌਜੂਦਾ ਅਹੁਦੇਦਾਰ ਨੇ, ਜਿਨ੍ਹਾਂ ਦਾ ਕਾਰਜਕਾਲ ਖਤਮ ਹੋ ਰਿਹਾ ਏ । <><>

--------------------------------------------------------------------------------

ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਨੂੰ ਓਹਨਾਂ ਦੀ ਜਨਮ ਵਰ੍ਹੇਗੰਢ ‘ਤੇ ਯਾਦ ਕਰ ਰਿਹਾ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਂਟ ਕਰਦਿਆਂ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਓਹਨਾਂ ਨੂੰ ਮਾਤ ਭੂਮੀ ਦਾ ਅਮਰ ਪੁੱਤਰ ਕਿਹਾ। ਸ਼੍ਰੀ ਮੋਦੀ ਨੇ ਇਹ ਵੀ ਕਿਹਾ ਕਿ ਲਾਲਾ ਲਾਜਪਤ ਰਾਏ ਦਾ ਬਲੀਦਾਨ ਦੇਸ਼ ਦੀ ਹਰ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣਿਆ ਰਹੇਗਾ । ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਂਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ-ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਨਿਡਰ ਆਜ਼ਾਦੀ ਘੁਲਾਟੀਏ ਅਤੇ ਰਾਸ਼ਟਰਵਾਦੀ ਨੇਤਾ ਨੂੰ ਯਾਦ ਕਰਦਾ ਏ ਅਤੇ ਸ਼ਰਧਾਂਜਲੀ ਦਿੰਦਾ ਏ ।

ਸ਼੍ਰੀ ਰਾਧਾਕ੍ਰਿਸ਼ਨਨ ਨੇ ਲਾਲਾ ਲਾਜਪਤ ਰਾਏ ਨੂੰ ਇੱਕ ਦੂਰਅੰਦੇਸ਼ ਨੇਤਾ, ਸ ਮਾਜ ਸੁਧਾਰਕ ਅਤੇ ਸਿੱਖਿਆ ਸ਼ਾਸਤਰੀ ਦੱਸਿਆ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਲਾਲਾ ਲਾਜਪਤ ਰਾਏ ਨੂੰ ਸ਼ਰਧਾਂਜਲੀ ਭੇਂਟ ਕੀਤੀ. ਇੱਕ ਸੋਸ਼ ਲ ਮੀਡੀਆ ਪੋਸਟ ਵਿੱਚ ਉਨ੍ਹਾਂ ਨੇਉਜਾਗਰ ਕੀਤਾ ਕਿ ਆਜ਼ਾਦੀ ਘੁਲਾਟੀਏ ਭਗਤ ਸਿੰਘ ਵਰਗੇ ਅਣਗਿਣਤ ਇਨਕਲਾਬੀਆਂ ਲਈ ਹਥਿਆਰਬੰਦ ਇ

ਨਕਲਾਬ ਦੀ ਪ੍ਰੇਰਨਾ ਬਣ ਗਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਮਹਾਨ ਆਜ਼ਾਦੀ ਘੁਲਾਟੀਏ 'ਪੰਜਾਬ ਕੇਸਰੀ' ਲਾਲਾ ਲਾਜਪਤ ਰਾਏ ਜੀ ਦੀ ਜਨਮ ਵਰ੍ਹੇਗੰਢ ਮੌਕੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਉਨ੍ਹਾਂ ਨੂੰ ਨਮਨ ਕਰਦਿਆਂ ਕਿਹਾ ਕਿ ਲਾਲਾ ਜੀ ਦਾ ਬਲੀਦਾਨ ਨੌਜਵਾਨ ਪੀੜ੍ਹੀ ਨੂੰ ਦੇਸ਼ ਸੇਵਾ ਲਈ ਪ੍ਰੇਰਿਤ ਕਰਦਾ ਰਹੇਗਾ । ਮੁਖ ਮੰਤਰੀ ਨੇ ਅੱਜ ਲਾਲਾ ਲਾਜਪਤ ਰਾਏ ਦੇ ਜੱਦੀ ਪਿੰਡ ਢੁਡੀਕੇ ਵਿਖੇ ਇਸ ਮੌਕੇ ਕਰਾਏ ਗਏ ਖੇਡ ਮੇਲੇ 'ਚ ਸ਼ਿਰਕਤ ਵੀ ਕੀਤੀ.

---------------------------------------------------------------------------------

ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ ਦਾ ਅੱਜ ਸਵੇਰੇ ਬਾਰਾਮਤੀ ਵਿੱਚ ਇੱਕ ਹਵਾਈ ਜਹਾਜ਼ ਹਾਦਸੇ ਵਿੱਚ ਦੇਹਾਂਤ ਹੋ ਗਿਆ ਏ । ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਏ ਕਿ VSR ਵਲੋਂ ਸੰਚਾਲਿਤ Lear-jet-45 VT-SSK ਜਹਾਜ਼ ਬਾਰਾਮਤੀ ਹਵਾਈ ਅੱਡੇ 'ਤੇ ਉਤਰਦੇ ਸਮੇਂ ਹਾਦਸਾਗ੍ਰਸਤ ਹੋ ਗਿਆ। ਮੰਤਰਾਲੇ ਨੇ ਕਿਹਾ ਕਿ ਜਹਾਜ਼ ਵਿੱਚ ਸਵਾਰ ਸਾਰੇ ਪੰਜ ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਉਪ ਮੁੱਖ ਮੰਤਰੀ, ਅਤੇ ਦੋ ਚਾਲਕ ਦਲ ਦੇ ਮੈਂਬਰ ਸ਼ਾਮਲ ਨੇ. ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ C P ਰਾਧਾ ਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ

ਬਿਰਲਾ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਹੋਰਨਾਂ ਨੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ ਦੇ ਬੇਵਕਤੀ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ।

________________________________________ਪੰ

ਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ ਅਤੇ ਹੋਰ ਅਧਿਕਾਰੀਆਂ ਦੇ ਅਚਾਨਕ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ , ਉਨ੍ਹਾਂ ਕਿਹਾ ਕਿ ਉਹ ਸਮਰਪਿਤ ਅਤੇ ਨਿਡਰ ਨੇਤਾ ਸਨ ਅਤੇ ਜਨ ਤਕ ਸੇਵਾ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਸਾਨੂੰ ਹਮੇਸ਼ਾ ਪ੍ਰੇਰਿਤ ਕਰੇਗੀ ਅਤੇ ਉਹ ਸਾਡੇ ਦਿਲਾਂ ਵਿੱਚ ਹਮੇਸ਼ਾ ਲਈ ਜ਼ਿੰਦਾ ਰਹਿਣਗੇ।

________________________________________ਪੰ

ਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਨੂੰ ਹੋਰ ਪਾਰਦਰਸ਼ੀ, ਸੁਚਾਰੂ ਅਤੇ ਲੋਕ-ਮਿਤਰ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਅਸ਼ੀਰਵਾਦ ਆਨਲਾਈਨ ਪੋਰਟਲ ਨੂੰ ਸੇਵਾ ਕੇਂਦਰਾਂ ਨਾਲ ਸਾਂਝੇ ਤੌਰ ’ਤੇ ਜੋੜ ਕੇ ਅਧਿਕਾਰਕ ਤੌਰ ’ਤੇ ਸ਼ੁਰੂ ਕੀਤਾ ਗਿਆ ਏ। ਅੱਜ ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ ਉਨ੍ਹਾਂ ਜਾਣਕਾਰੀ ਦਿੱਤੀ ਕਿ ਹੁਣ ਤੋਂ ਅਸ਼ੀਰਵਾਦ ਸਕੀਮ ਤਹਿਤ ਲਾਭ ਪ੍ਰਾਪਤ ਕਰਨ ਲਈ ਅਰਜ਼ੀਆਂ ਸਿਰਫ਼ ਸੇਵਾ ਕੇਂਦਰਾਂ ਰਾਹੀਂ ਹੀ ਦਾਖ਼ਲ ਕੀਤੀਆਂ ਜਾ ਸਕਣਗੀਆਂ, ਜਿਸ ਨਾਲ ਸਕੀਮ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਅਤੇ ਜਵਾਬਦੇਹ ਬਣੇਗੀ। ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਦੀ ਦ੍ਰਿੜ ਵਚਨਬੱਧਤਾ ਏ ਕਿ ਸਰਕਾਰੀ ਭਲਾਈ ਸਕੀਮਾਂ ਦਾ ਹਰ ਇੱਕ ਰੁਪਇਆ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਹੱਕਦਾਰ ਲਾਭਪਾਤਰੀ ਤੱਕ ਪਹੁੰਚੇ।

---

ਭਾਰਤ ਮੌਸਮ ਵਿਭਾਗ, IMD ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਹਿਮਾਚਲ ਪ੍ਰਦੇਸ਼, ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਏਜੰਸੀ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਪੰਜਾਬ, ਹਰਿਆਣਾ ਚੰਡੀਗੜ੍ਹ, ਤੇ ਹਿਮਾਚਲ ਪ੍ਰਦੇਸ਼, ਵਿੱਚ ਸੀਤ ਲਹਿਰ ਜਾਰੀ ਰਹਿਣ ਦੀ ਸੰਭਾਵਨਾ ਵੀ ਜਤਾਈ ਏ.

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਸਾਲਾਨਾ NCC PM ਰੈਲੀ ਨੂੰ ਸੰਬੋਧਨ ਕੀਤਾ.

- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਦੋਰਾਹਾ ਅਤੇ ਧੂਰੀ ਵਿਖੇ ਰੇਲਵੇ ਓਵਰ ਬ੍ਰਿਜਾਂ ਦੀ ਪ੍ਰਵਾਨਗੀ ਦਾ ਐਲਾਨ .
- ਨਗਰ ਨਿਗਮ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਭਲਕੇ ਹੋਣ ਵਾਲੀਆਂ ਚੋਣਾਂ ਸੰਬੰਧੀ ਸਾਰੇ ਇੰਤਜ਼ਾਮ ਮੁਕੰਮਲ.
- ਦੇਸ਼ ਅੱਜ ਮਹਾਨ ਆਜ਼ਾਦੀ ਘੁਲਾਟੀਏ, ਲਾਲਾ ਲਾਜਪਤ ਰਾਏ ਨੂੰ ਓਹਨਾਂ ਦੀ ਜਨਮ ਵਰ੍ਹੇਗੰਢ ‘ਤੇ ਯਾਦ ਕਰ ਰਿਹਾ ਏ. ਇਸ ਮੌਕੇ ਪਿੰਡ ਢੁਡੀਕੇ ਵਿਖੇ ਖੇਡ ਮੇਲਾ ਕਰਾਇਆ ਗਿਆ.
- ਭਾਰਤੀ ਮੌਸਮ ਵਿਭਾਗ, ਵਲੋਂ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਵਿਚ ਕੱਲ੍ਹ ਤੱਕ, ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ.

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**